**ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥੮॥੪॥ {ਪੰਨਾ 268}**

ਪਦਅਰਥ:- ਤੁਮ ਪਹਿ—ਤੇਰੇ ਪਾਸ। ਪਿੰਡੁ—ਸਰੀਰ। ਰਾਸਿ—ਬਖ਼ਸ਼ੀਸ਼, ਪੂੰਜੀ। ਘਨੇਰੇ—ਬਹੁਤ। ਸਮਗ੍ਰੀ—ਪਦਾਰਥ। ਸੂਤ੍ਰਿ—ਸੂਤ੍ਰ ਵਿਚ, ਮਰਯਾਦਾ ਵਿਚ, ਹੁਕਮ ਵਿਚ। ਧਾਰੀ—ਟਿਕੀ ਹੋਈ ਹੈ। ਤੁਮ ਤੇ—ਤੈਥੋਂ। ਹੋਇ—(ਜੋ ਕੁਝ) ਹਸਤੀ ਵਿਚ ਆਇਆ ਹੈ, ਪੈਦਾ ਹੋਇਆ ਹੈ। ਆਗਿਆਕਾਰੀ—(ਤੇਰੇ) ਹੁਕਮ ਨੂੰ ਮੰਨ ਰਿਹਾ ਹੈ। ਕੁਰਬਾਨੀ—ਸਦਕੇ। ਮਿਤਿ—ਮਰਯਾਦਾ, ਅੰਦਾਜ਼ਾ। ਗਤਿ—ਹਾਲਤ।

ਅਰਥ:- (ਹੇ ਪ੍ਰਭੂ!) ਤੂੰ ਮਾਲਿਕ ਹੈਂ (ਸਾਡੀ ਜੀਵਾਂ ਦੀ) ਅਰਜ਼ ਤੇਰੇ ਅੱਗੇ ਹੀ ਹੈ, ਇਹ ਜਿੰਦ ਤੇ ਸਰੀਰ (ਜੋ ਤੂੰ ਸਾਨੂੰ ਦਿੱਤਾ ਹੈ) ਸਭ ਤੇਰੀ ਹੀ ਬਖ਼ਸ਼ੀਸ਼ ਹੈ।

ਤੂੰ ਸਾਡਾ ਮਾਂ ਪਿਉ ਹੈਂ, ਅਸੀਂ ਤੇਰੇ ਬਾਲ ਹਾਂ, ਤੇਰੀ ਮੇਹਰ (ਦੀ ਨਜ਼ਰ) ਵਿਚ ਬੇਅੰਤ ਸੁਖ ਹਨ।

ਕੋਈ ਤੇਰਾ ਅੰਤ ਨਹੀਂ ਪਾ ਸਕਦਾ, (ਕਿਉਂਕਿ) ਤੂੰ ਸਭ ਤੋਂ ਉੱਚਾ ਭਗਵਾਨ ਹੈਂ।

(ਜਗਤ ਦੇ) ਸਾਰੇ ਪਦਾਰਥ ਤੇਰੇ ਹੀ ਹੁਕਮ ਵਿਚ ਟਿਕੇ ਹੋਏ ਹਨ; ਤੇਰੀ ਰਚੀ ਹੋਈ ਸ੍ਰਿਸ਼ਟੀ ਤੇਰੀ ਹੀ ਆਗਿਆ ਵਿਚ ਤੁਰ ਰਹੀ ਹੈ।

ਤੂੰ ਕਿਹੋ ਜਿਹਾ ਹੈਂ ਤੇ ਕੇਡਾ ਵੱਡਾ ਹੈਂ—ਇਹ ਤੂੰ ਆਪ ਹੀ ਜਾਣਦਾ ਹੈਂ। ਹੇ ਨਾਨਕ! (ਆਖ, ਹੇ ਪ੍ਰਭੂ!) ਤੇਰੇ ਸੇਵਕ (ਤੈਥੋਂ) ਸਦਾ ਸਦਕੇ ਜਾਂਦੇ ਹਨ।8।4।